# ਦਫਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਨਗਰ ਨਿਗਮ ਦੇ ਕੌਂਸਲਰਾਂ ਦੀ ਮਾਸਿਕ ਮੀਟਿੰਗ ਆਯੋਜਿਤ

## ਨਗਰ ਨਿਗਮ ਦੇ ਕਮਿਸ਼ਨਰ ਦਾ ਅਹੁੱਦਾ ਪਿਛਲੇ ਇਕ ਮਹੀਨੇ ਖਾਲੀ ਹੋਣ ਕਾਰਨ ਵਿਕਾਸ ਦੇ ਕੰਮ ਨਾ ਹੋਣ ਤੇ ਹਾਊਸ ਵੱਲੋਂ ਮੀਟਿੰਗ ਮੁਲਤਵੀ

ਹੁਸ਼ਿਆਰਪੁਰ 25 ਜੁਲਾਈ ਮੇਅਰ ਸ਼ਿਵ ਸੂਦ ਦੀ ਪ੍ਰਧਾਨਗੀ ਹੇਠ ਨਗਰ ਨਿਗਮ ਦੇ ਡਾ: ਬੀ.ਆਰ ਅੰਬੇਦਕਰ ਮੀਟਿੰਗ ਹਾਲ ਵਿਖੇ ਕੌਂਸਲਰਾਂ ਦੀ ਮਾਸਿਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਕਾਰਜਕਾਰੀ ਇੰਜੀਨੀਅਰ ਨਰੇਸ਼ ਬੱਤਾ, ਡੀ.ਸੀ.ਐਫ.ਏ. ਰਾਜ ਪਾਲ ਸਿੰਘ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਵਲਾਂ, ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਐਸ.ਡੀ.ਓ ਹਰਪ੍ਰੀਤ ਸਿੰਘ, ਸੁਪਰਡੈਂਟ ਸੁਆਮੀ ਸਿੰਘ, ਅਮਿਤ ਕੁਮਾਰ, ਲੇਖਾਕਾਰ ਰਾਜਨ ਕੁਮਾਰ, ਚੀਫ ਸੈਨਟੇਰੀ ਇੰਸਪੈਕਟਰ ਨਵਦੀਪ ਸ਼ਰਮਾ, ਕੁਲਵਿੰਦਰ ਕੁਮਾਰ, ਰਾਜਵੰਸ ਕੌਰ, ਰਾਹੁਲ ਸ਼ਰਮਾ ਅਤੇ ਨਗਰ ਨਿਗਮ ਦੇ ਕੌਂਸਲਰ ਹਾਜਰ ਸਨ।

ਹਾਉਸ ਦੀ ਮੀਟਿੰਗ ਵਿਚ ਸਭ ਤੋਂ ਪਹਿਲਾਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਮਾਤਾ ਮਹਿੰਦਰ ਕੌਰ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਵਾਲਾ ਦੀ ਸੱਸ ਬਿਮਲਾ ਦੇਵੀ ਦੇ ਦੇਹਾਂਤ ਤੇ ਹਾਊਸ ਵੱਲੋਂ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ 2 ਮਿੰਟ ਦਾ ਮੌਨ ਧਾਰਿਆ ਗਿਆ ਇਸ ਉਪਰੰਤ ਹਾਊਸ ਵਿੱਚ ਹਾਜ਼ਰ ਸਾਰੇ ਕੌਂਸਲਰਾਂ ਨੇ ਕਿਹਾ ਕਿ ਇਕ ਮਹੀਨੇ ਤੋਂ ਨਗਰ ਨਿਗਮ ਵਿੱਚ ਕਮਿਸ਼ਨਰ ਦਾ ਅਹੁੱਦਾ ਖਾਲੀ ਹੋਣ ਕਰਕੇ ਨਗਰ ਨਿਗਮ ਦੇ ਕੰਮਕਾਜ ਅਤੇ ਵਿਕਾਸ ਦੇ ਕੰਮ ਪ੍ਰਭਾਵਿਤ ਹੋ ਰਹੇ ਹਨ ਜਿਹਨਾਂ ਵਿੱਚ ਬਰਸ਼ਾਤੀ ਨਾਲੇਆਂ ਦੀ ਸਫਾਈ ਲਈ ਟੈਂਡਰ ਲਗਾਉਣ ਦੇ ਬਾਵਜੂਦ ਕਮਿਸ਼ਨਰ ਨਾ ਹੋਣ ਕਰਕੇ ਪੈਡਿੰਗ ਪਏ ਹਨ ਜਿਸ ਨਾਲ ਸ਼ਹਿਰ ਵਿੱਚ ਬਰਸ਼ਾਤ ਹੋਣ ਤੇ ਪਾਣੀ ਦੀ ਨਿਕਾਸੀ ਸਬੰਧੀ ਸਮੱਸਿਆ ਆ ਸਕਦੀ ਹੈ ਜਿਸ ਨਾਲ ਸ਼ਹਿਰ ਵਾਸੀ ਪ੍ਰਭਾਵਿਤ ਹੋਣਗੇ ਉਹਨਾਂ ਕਿਹਾ ਕਿ ਕਮਿਸ਼ਨਰ ਨਾ ਹੋਣ ਕਾਰਨ ਸਟਰੀਟ ਲਾਈਟਾਂ ਅਤੇ ਪੀਣ ਵਾਲੇ ਪਾਣੀ ਦੇ ਟਿਉਬਵੈਲਾਂ ਲਈ ਲੋੜੀਂਦਾ ਸਮਾਨ ਵੀ ਨਾ ਹੋਣ ਕਾਰਨ ਸ਼ਹਿਰ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ ਇਸ ਤੋਂ ਇਲਾਵਾ ਸ਼ਹਿਰ ਵਿੱਚ ਘੁੰਮ ਰਹੇ ਪਸ਼ੂਧਨ ਦੀ ਸਾਂਭ ਸੰਭਾਲ ਲਈ ਕੈਟਲ ਪੌਂਡ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਸ਼ਹਿਰ ਵਿੱਚ ਘੁੰਮ ਰਹੇ ਘਰੇਲੂ ਪਸ਼ੂਆਂ ਦੇ ਮਾਲਕਾਂ ਦੇ ਖਿਲਾਫ ਕਾਰਵਾਈ ਕਰਕੇ ਉਹਨਾਂ ਨੂੰ ਜੁਰਮਾਨੇ ਕੀਤੇ ਜਾਣ ਮੀਟਿੰਗ ਦੌਰਾਨ ਹਾਊਸ ਸਾਰੇ ਮੈਂਬਰਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਦੇ ਨਾ ਹੋਣ ਕਾਰਨ ਹਾਊਸ ਦੀ ਮੀਟਿੰਗ ਮੁਲਤਵੀ ਕਰਨ ਅਤੇ ਕਮਿਸ਼ਨਰ ਦੇ ਆਉਣ ਤੋਂ ਬਾਅਦ ਹੀ ਹਾਊਸ ਦੀ ਮੀਟਿੰਗ ਕਰਨ ਸਬੰਧੀ ਮਤਾ ਪਾਸ ਕੀਤਾ ਗਿਆ।